ਅਕਾਲੀ ਗੁਰਦੁਆਰਾ ਸਾਹਿਬ ਪਿੰਡ ਭੁੱਲਾਰਾਈ ਵਿਖੇ ਕਰਵਾਏ ਗਏ ਧਾਰਮਿਕ ਸਮਾਗਮ ਮੌਕੇ ਪ੍ਰੋਗਰਾਮ ਪੇਸ਼ ਕਰਦੇ ਹੋਏ ਢਾਡੀ ਜਥਾ। ਤਸਵੀਰ: ਮਨਦੀਪ ਸਿੰਘ ਸੰਧੂ

ਅਕਾਲੀ ਗੁਰਦੁਆਰਾ ਸਾਹਿਬ ਪਿੰਡ ਭੁੱਲਾਰਾਈ ਵਿਖੇ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸਮਾਗਮ ਕਰਵਾਇਆ

ਖਲਵਾੜਾ, 27 ਨਵੰਬਰ (ਮਨਦੀਪ ਸਿੰਘ ਸੰਧੂ)-ਅਕਾਲੀ ਗੁਰਦੁਆਰਾ ਸਾਹਿਬ ਪਿੰਡ ਭੁੱਲਾਰਾਈ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ, ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਪੁਰਬ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ ਗਿਆ। ਜਿਸ ਵਿਚ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣ ਉਪਰੰਤ ਧਾਰਮਿਕ ਦੀਵਾਨ ਸਜਾਇਆ ਗਿਆ ਜਿਸ ਵਿਚ ਬੀਬੀ ਸੰਦੀਪ ਕੌਰ ਭੁੱਲਾਰਾਈ ਦੇ ਢਾਡੀ ਜਥੇ ਨੇ ਸੰਗਤਾਂ ਨੂੰ ਗੁਰੂ ਇਤਿਹਾਸ ਸਰਵਣ ਕਰਾਇਆ। ਇਸ ਮੌਕੇ ਮਾਸਟਰ ਹਰਭਜਨ ਸਿੰਘ ਭੁੱਲਾਰਾਈ ਤੇ ਭਾਈ ਭੁਪਿੰਦਰ ਸਿੰਘ ਨੇ ਸੰਗਤਾਂ ਦਾ ਧੰਨਵਾਦ ਕੀਤਾ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਭਾਈ ਪਲਵਿੰਦਰ ਸਿੰਘ, ਸਤਨਾਮ ਸਿੰਘ, ਗੁਰਦੇਵ ਸਿੰਘ, ਜਨਨੈਲ ਸਿੰਘ, ਸੁਖਵੀਰ ਸਿੰਘ, ਰਘਬੀਰ ਸਿੰਘ, ਸੁਰਿੰਦਰ ਸਿੰਘ, ਭਾਈ ਹਰਪਾਲ ਸਿੰਘ ਹੈੱਡ ਗ੍ਰੰਥੀ ਤੇ ਹੋਰ ਬਹੁਤ ਸਾਰੀਆਂ ਸੰਗਤਾਂ ਨੇ ਹਾਜ਼ਰੀ ਲਗਵਾਈ।

ਸੀਨੀਅਰ ਸਿਟੀਜ਼ਨ ਕਲੱਬ ਸ਼ਾਲਾਮਾਰ ਬਾਗ ਕਪੂਰਥਲਾ ਵਲੋਂ ਤਿਆਰ ਕੀਤੀ ਡਾਇਰੈਕਟਰੀ ਲੋਕ ਅਰਪਣ ਕਰਦੇ ਹੋਏ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ, ਕਲੱਬ ਦੇ ਪ੍ਰਧਾਨ ਜਗਦੀਸ਼ ਸਹਿਗਲ, ਜਨਰਲ ਸਕੱਤਰ ਰਕੇਸ਼ ਸ਼ਰਮਾ ਤੇ ਹੋਰ। ਤਸਵੀਰ: ਤਿਲਕਰਾਜ

ਸੀਨੀਅਰ ਸਿਟੀਜ਼ਨ ਕਲੱਬ ਵਲੋਂ ਤਿਆਰ ਕੀਤੀ ਡਾਇਰੈਕਟਰੀ ਡਿਪਟੀ ਕਮਿਸ਼ਨਰ ਨੇ ਲੋਕ ਅਰਪਣ ਕੀਤੀ

ਕਪੂਰਥਲਾ, 27 ਨਵੰਬਰ (ਵਿ.ਪ੍ਰ.)-ਸੀਨੀਅਰ ਸਿਟੀਜ਼ਨ ਕਲੱਬ ਸ਼ਾਲਾਮਾਰ ਬਾਗ ਕਪੂਰਥਲਾ ਦੇ ਪ੍ਰਧਾਨ ਜਗਦੀਸ਼ ਸਹਿਗਲ ਦੀ ਅਗਵਾਈ ਵਿਚ ਕਲੱਬ ਵਲੋਂ ਤਿਆਰ ਕੀਤੀ ਡਾਇਰੈਕਟਰੀ ਡਿਪਟੀ ਕਮਿਸ਼ਨਰ ਕਪੂਰਥਲਾ ਅਮਿਤ ਕੁਮਾਰ ਪੰਚਾਲ ਨੇ ਲੋਕ ਅਰਪਣ ਕੀਤੀ। ਡਿਪਟੀ ਕਮਿਸ਼ਨਰ ਨੇ ਕਲੱਬ ਵਲੋਂ ਕੀਤੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਤੋਂ ਪਹਿਲਾਂ ਕਲੱਬ ਦੇ ਜਨਰਲ ਸਕੱਤਰ ਰਕੇਸ਼ ਸ਼ਰਮਾ ਨੇ ਡਿਪਟੀ ਕਮਿਸ਼ਨਰ ਨੂੰ ਕਲੱਬ ਦੀਆਂ ਸਰਗਰਮੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਕਲੱਬ ਵਲੋਂ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਦੀ ਦੇਖ ਰੇਖ ਹੇਠ ਨਾਗਰਿਕਾਂ ਦੇ ਅਧਿਕਾਰਾਂ ਦੀ ਸੁਰੱਖਿਆ, ਸਾਈਬਰ ਅਪਰਾਧ ਤੋਂ ਬਚਾਓ, ਸਿਹਤ ਸਬੰਧੀ ਜਾਗਰੂਕਤਾ ਲਈ ਸਮੇਂ-ਸਮੇਂ ਸੈਮੀਨਾਰ ਤੇ ਮੈਡੀਕਲ ਕੈਂਪ ਲਗਾਏ ਜਾਂਦੇ ਹਨ। ਉਨ੍ਹਾਂ ਡਿਪਟੀ ਕਮਿਸ਼ਨਰ ਨੂੰ ਸੀਨੀਅਰ ਸਿਟੀਜ਼ਨ ਕਲੱਬ ਵਿਚ ਆਉਣ ਦਾ ਸੱਦਾ ਦਿੱਤਾ। ਇਸ ਮੌਕੇ ਕਲੱਬ ਦੀ ਮੈਨੇਜਿੰਗ ਕਮੇਟੀ ਦੇ ਮੈਂਬਰ ਤੇ ਪ੍ਰੈੱਸ ਸਕੱਤਰ ਰਾਜ ਕੁਮਾਰ ਮਹਿਰਾ, ਨਰੇਸ਼ ਗੁਲਾਟੀ, ਕੇ.ਕੇ. ਧੀਰ ਆਦਿ ਹਾਜ਼ਰ ਸਨ।

ਜ਼ਿਲ੍ਹਾ ਰੁਜ਼ਗਾਰ ਤੇ ਕਾਰੋਬਾਰ ਬਿਊਰੋ ਵਲੋਂ ਪਲੇਸਮੈਂਟ ਕੈਂਪ ਅੱਜ

ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ

ਕਪੂਰਥਲਾ, 27 ਨਵੰਬਰ (ਵਿ.ਪ੍ਰ.)-ਜ਼ਿਲ੍ਹਾ ਰੁਜ਼ਗਾਰ ਤੇ ਕਾਰੋਬਾਰ ਬਿਊਰੋ ਵਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਚ ਬਿਊਰੋ ਦੇ ਦਫ਼ਤਰ ਵਿਚ 28 ਨਵੰਬਰ ਨੂੰ ਸਵੇਰੇ 10 ਤੋਂ ਦੁਪਹਿਰ 2 ਵਜੇ ਤੱਕ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਅਮਿਤ ਕੁਮਾਰ ਪੰਚਾਲ ਡਿਪਟੀ ਕਮਿਸ਼ਨਰ ਕਪੂਰਥਲਾ ਨੇ ਦੱਸਿਆ ਕਿ ਕੈਂਪ ਵਿਚ ਸੇਵਾ ਕੇਂਦਰ ਕਪੂਰਥਲਾ, ਰੇਲ ਟੈੱਕ, ਐਸ.ਐਸ.ਕੇ. ਸਮੇਤ ਹੋਰ ਨਾਮਵਰ ਕੰਪਨੀਆਂ ਨੌਕਰੀ ਲਈ ਯੋਗ ਉਮੀਦਵਾਰਾਂ ਦੀਆਂ ਚੋਣ ਕਰਨਗੀਆਂ। ਉਨ੍ਹਾਂ ਕਿਹਾ ਕਿ ਕੈਂਪ ਵਿਚ 10ਵੀਂ, 12ਵੀਂ, ਆਈ.ਟੀ.ਆਈ., ਡਿਪਲੋਮਾ, ਗਰੈਜੂਏਸ਼ਨ ਤੇ ਪੋਸਟ ਗਰੈਜੂਏਸ਼ਨ ਤੱਕ ਦੀ ਯੋਗਤਾ ਵਾਲੇ ਵਿਦਿਆਰਥੀ ਜਿਨ੍ਹਾਂ ਦੀ ਉਮਰ 21 ਤੋਂ 40 ਸਾਲ ਦੀ ਹੋਵੇਗੀ ਉਹ ਭਾਗ ਲੈ ਸਕਣਗੇ।

ਆਨੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕਪੂਰਥਲਾ ਦੇ ਸਾਲਾਨਾ ਖੇਡ ਦਿਵਸ ਤੇ ਜੇਤੂ ਟੀਮਾਂ ਦੇ ਖਿਡਾਰੀਆਂ ਨੂੰ ਇਨਾਮ ਤਕਸੀਮ ਕਰਨ ਤੋਂ ਬਾਅਦ ਵਿਕਰਮ ਆਨੰਦ, ਡਾ. ਅਰਵਿੰਦਰ ਸਿੰਘ ਸੇਖੋਂ, ਡਾ. ਦੀਪਕ ਅਰੋੜਾ, ਕੋਆਰਡੀਨੇਟਰ ਲਵਲੀਨ ਕੌਰ, ਪ੍ਰਦੀਪ ਕੁਮਾਰ, ਕਿਰਨ ਨੰਦਾ ਤੇ ਸਕੂਲ ਦੇ ਹੋਰ ਸਟਾਫ਼ ਮੈਂਬਰਾਂ ਨਾਲ। ਅਜੀਤ ਤਸਵੀਰ

ਆਨੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ 'ਚ ਸਾਲਾਨਾ ਖੇਡ ਦਿਵਸ ਤੇ ਵੱਖ-ਵੱਖ ਮੁਕਾਬਲੇ ਕਰਵਾਏ

ਕਪੂਰਥਲਾ, 27 ਨਵੰਬਰ (ਵਿਸ਼ੇਸ਼ ਪ੍ਰਤੀਨਿਧ)-ਆਨੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕਪੂਰਥਲਾ ਵਿਚ ਸਾਲਾਨਾ ਖੇਡ ਦਿਵਸ ਤੇ ਅੰਡਰ-14, ਅੰਡਰ-17 ਉਮਰ ਵਰਗ ਦੇ ਲੜਕੇ ਤੇ ਲੜਕੀਆਂ ਦੇ ਵੱਖ-ਵੱਖ ਮੁਕਾਬਲੇ ਕਰਵਾਏ ਗਏ। ਬੈਡਮਿੰਟਨ ਲੜਕੀਆਂ ਦੇ ਮੁਕਾਬਲੇ ਵਿਚ ਭਾਵਿਕਾ ਨੇ ਪਹਿਲਾ, ਮਹਿਕ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਲੜਕਿਆਂ ਦੇ ਵਰਗ ਵਿਚ ਜਗਦੀਪ ਨੇ ਪਹਿਲਾ ਤੇ ਟਿੰਕੂ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਅੰਡਰ-17 ਲੜਕੀਆਂ ਦੇ ਵਰਗ ਵਿਚ ਸ਼ੁਭਰੀਤ ਕੌਰ ਨੇ ਪਹਿਲਾ ਤੇ ਮਹਿਕ ਨੇ ਦੂਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਲੜਕਿਆਂ ਦੇ ਵਰਗ ਵਿਚ ਸੁਖਮਨਪ੍ਰੀਤ ਸਿੰਘ ਪਹਿਲੇ ਤੇ ਸੋਹਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਕ੍ਰਿਕਟ ਦੇ ਅੰਡਰ-14 ਉਮਰ ਲੜਕਿਆਂ ਦੇ ਵਰਗ ਦੇ ਮੁਕਾਬਲੇ ਵਿਚ ਪੈਂਥਰਜ਼ ਦੀ ਟੀਮ ਜੇਤੂ ਰਹੀ। ਟੀਮ ਦੇ ਕਪਤਾਨ ਮਨਰਾਜ ਸਿੰਘ ਨੇ ਪੂਰੇ ਮੈਚ ਦੌਰਾਨ ਆਪਣੀ ਖੇਡ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸੇ ਤਰ੍ਹਾਂ ਉਮਰ 17 ਲੜਕਿਆਂ ਦੇ ਵਰਗ ਵਿਚ ਰੋਇਲਜ਼ ਟੀਮ ਜੇਤੂ ਰਹੀ। ਟੀਮ ਦੇ ਕਪਤਾਨ ਨਵਰਾਜ ਸਿੰਘ ਦੀ ਰਣਨੀਤਿਕ ਸੋਚ ਤੇ ਟੀਮ ਦਾ ਤਾਲਮੇਲ ਜਿੱਤ ਦਾ ਮੁੱਖ ਕਾਰਨ ਬਣਿਆ। ਕ੍ਰਿਕਟ 'ਚ ਅੰਡਰ-17 ਲੜਕੀਆਂ ਦੇ ਵਰਗ ਵਿਚ ਸਟ੍ਰਾਈਕਰਜ਼ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਆਪਣੀ ਜਿੱਤ ਦਰਜ ਕੀਤੀ। ਟੀਮ ਦੀ ਕਪਤਾਨ ਸ਼ਿਸ਼ਟੀ ਨੇ ਆਪਣੀ ਖੇਡ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਖੇਡ ਦੇ ਵਿਚ ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਵਿਕਰਮ ਆਨੰਦ, ਪ੍ਰਿੰਸੀਪਲ ਡਾ. ਅਰਵਿੰਦਰ ਸਿੰਘ ਸੇਖੋਂ, ਉਪ ਪ੍ਰਿੰਸੀਪਲ ਡਾ. ਦੀਪਕ ਅਰੋੜਾ ਨੇ ਕੀਤੀ। ਉਨ੍ਹਾਂ ਜੇਤੂ ਟੀਮਾਂ ਦੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ। ਡਾ. ਅਰਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਆਨੰਦ ਪਬਲਿਕ ਸਕੂਲ ਦੇ ਵਿਦਿਆਰਥੀ ਪੜ੍ਹਾਈ ਨਹੀਂ ਸਗੋਂ ਖੇਡਾਂ ਦੇ ਖੇਤਰ ਵਿਚ ਵੀ ਸ਼ਾਨਦਾਰ ਪ੍ਰਦਰਸ਼ਨ ਕਰ ਰਹੇ ਹਨ। ਉਨ੍ਹਾਂ ਸਕੂਲ ਦੇ ਵਿਦਿਆਰਥੀਆਂ, ਕੋਆਰਡੀਨੇਟਰ ਲਵਲੀਨ ਕੌਰ ਮਾਨ, ਖੇਡ ਅਧਿਆਪਕ ਪ੍ਰਦੀਪ ਕੁਮਾਰ, ਕਿਰਨ ਨੰਦਾ, ਗੁਰਪ੍ਰੀਤ ਕੌਰ, ਅਮਨਦੀਪ ਕੌਰ ਨੂੰ ਵੀ ਖੇਡਾਂ ਦੀ ਸਫ਼ਲਤਾ ਲਈ ਵਧਾਈ ਦਿੱਤੀ।

ਜੇਤੂਆਂ ਨੂੰ ਵਿਕਰਮ ਆਨੰਦ, ਡਾ. ਅਰਵਿੰਦਰ ਸਿੰਘ ਸੇਖੋਂ ਤੇ ਡਾ. ਦੀਪਕ ਅਰੋੜਾ ਨੇ ਕੀਤੀ ਇਨਾਮਾਂ ਦੀ ਵੰਡ

ਬ੍ਰਿਟਿਸ਼ ਵਿਕਟੋਰੀਆ ਸਕੂਲ ਵਿਖੇ 'ਸੱਭਿਆਚਾਰ ਦੇ ਰੰਗ, ਸਾਹਿਤ ਦੇ ਸੰਗ' ਸਮਾਗਮ ਕਰਵਾਇਆ

ਸੁਲਤਾਨਪੁਰ ਲੋਧੀ, 27 ਨਵੰਬਰ (ਨਰੇਸ਼ ਹੈਪੀ)-ਬ੍ਰਿਟਿਸ਼ ਵਿਕਟੋਰੀਆ ਸਕੂਲ ਸੁਲਤਾਨਪੁਰ ਲੋਧੀ ਵੱਲੋਂ 'ਸਭਿਆਚਾਰ ਦੇ ਰੰਗ, ਸਾਹਿਤ ਦੇ ਸੰਗ' ਰਚਨਾਤਮਿਕ ਸਮਾਗਮ ਸਫਲਤਾਪੂਰਵਕ ਕੀਤਾ ਗਿਆ। ਸਮਾਗਮ ਵਿਚ 9 ਸਕੂਲਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਤੇ ਜੋਸ਼ ਨਾਲ ਭਾਗ ਲਿਆ। ਸਮਾਗਮ ਵਿਚ ਪੰਜਾਬੀ ਮਾਂ ਬੋਲੀ ਦੀ ਮਹੱਤਤਾ ਬਾਰੇ ਵੀ ਦੱਸਿਆ ਗਿਆ। ਇਸ ਸਮਾਗਮ ਦੇ ਮੁੱਖ ਮਹਿਮਾਨ ਦਰਸ਼ਨ ਸਿੰਘ ਬੁੱਟਰ ਤੇ ਵਿਸ਼ੇਸ਼ ਮਹਿਮਾਨ ਵਜੋਂ ਡਾ. ਅਮਰਜੀਤ ਕੌਂਕੇ ਸ਼ਾਮਿਲ ਹੋਏ, ਜਦਕਿ ਪ੍ਰਧਾਨਗੀ ਸੁਰਿੰਦਰ ਸੁੰਨੜ ਤੇ ਵਿਸ਼ੇਸ਼ ਬੁਲਾਰੇ ਡਾ. ਕੁਲਦੀਪ ਚੌਹਾਨ ਸਨ। ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਉਤਸ਼ਾਹਿਤ ਕੀਤਾ ਤੇ ਸਮਾਗਮ ਨੂੰ ਸ਼ਾਨਦਾਰ ਬਣਾਉਣ ਵਿਚ ਆਪਣਾ ਯੋਗਦਾਨ ਦਿੱਤਾ। ਚੇਅਰਮੈਨ ਸ਼ਿੰਦਰਪਾਲ ਸਿੰਘ, ਮੈਨੇਜਿੰਗ ਡਾਇਰੈਕਟਰ ਅਰਸ਼ਦੀਪ ਸਿੰਘ ਅਤੇ ਪ੍ਰਿੰ: ਸ੍ਰੀਮਤੀ ਸੁਨੀਤਾ ਸਭਰਵਾਲ ਨੇ ਕਿਹਾ ਕਿ ਅਜੇਹੇ ਸਮਾਗਮ ਵਿਦਿਆਰਥੀਆਂ ਦੀ ਰਚਨਾਤਮਿਕ ਸੋਚ ਨੂੰ ਨਿਖਾਰਦੇ ਹਨ, ਉਨ੍ਹਾਂ ਵਿਚ ਆਤਮ-ਵਿਸ਼ਵਾਸ ਪੈਦਾ ਕਰਦੇ ਹਨ ਤੇ ਸਭਿਆਚਾਰਕ ਜੁੜਾਅ ਨੂੰ ਮਜ਼ਬੂਤ ਕਰਦੇ ਹਨ। ਉਨ੍ਹਾਂ ਨੇ ਸਾਰੇ ਭਾਗੀਦਾਰਾਂ ਤੇ ਅਧਿਆਪਕਾਂ ਦੀ ਮਿਹਨਤ ਦੀ ਵੀ ਪ੍ਰਸ਼ੰਸਾ ਕੀਤੀ। ਇਸ ਪ੍ਰੋਗਰਾਮ ਵਿਚ ਵਿਦਿਆਰਥੀਆਂ ਲਈ ਪੇਂਟਿੰਗ, ਨਾਅਰਾ ਲਿਖਣ ਤੇ ਲੇਖ ਲਿਖਣ ਦੇ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ। ਸਮਾਗਮ ਦੇ ਸਭਿਆਚਾਰਕ ਰੰਗਾਂ ਨੂੰ ਨਿਖਾਰਦੇ ਹੋਏ ਬ੍ਰਿਟਿਸ਼ ਵਿਕਟੋਰੀਆ ਸਕੂਲ ਦੇ ਵਿਦਿਆਰਥੀਆਂ ਨੇ ਗਿੱਧਾ, ਭੰਗੜਾ, ਸਭਿਆਚਾਰਕ ਗੀਤ, ਸੋਲੋ ਡਾਂਸ ਤੇ 'ਮਿਰਜ਼ਾ' ਲੋਕ-ਗੀਤ ਗਾ ਕੇ ਸਮਾਗਮ ਦੀ ਸ਼ੋਭਾ ਵਧਾਈ। ਇਸ ਮੌਕੇ ਹੋਏ ਪੇਂਟਿੰਗ ਮੁਕਾਬਲਿਆਂ ਵਿਚ ਪਹਿਲਾ ਇਨਾਮ ਮੁਸਕਾਨ ਲਵਪ੍ਰੀਤ ਕੌਰ (ਬ੍ਰਿਟਿਸ਼ ਵਿਕਟੋਰੀਆ ਸਕੂਲ) ਤੇ ਰਵਨੀਤ ਕੌਰ (ਬਾਬਾ ਦਰਬਾਰਾ ਸਿੰਘ ਕਾਲਜੀਏਟ ਸਕੂਲ), ਨਾਅਰਾ ਲਿਖਣ ਮੁਕਾਬਲੇ ਵਿਚ ਪਹਿਲਾ ਇਨਾਮ ਗੁਰਲੀਨ ਕੌਰ (ਕੈਂਬਰਿਜ ਇੰਟਰਨੈਸ਼ਨਲ ਸਕੂਲ) ਤੇ ਲਿਵਰੂਪ ਕੌਰ (ਐਮ.ਜੀ.ਐਨ ਪਬਲਿਕ ਸਕੂਲ) ਨੂੰ ਮਿਲਿਆ। ਇਸੇ ਤਰਾਂ ਲੇਖ ਲਿਖਣ ਮੁਕਾਬਲੇ ਵਿਚ ਪਹਿਲਾ ਇਨਾਮ ਹਰਮਨਪ੍ਰੀਤ ਕੌਰ (ਬਾਬਾ ਦਰਬਾਰਾ ਸਿੰਘ ਕਾਲਜੀਏਟ ਪਬਲਿਕ ਸਕੂਲ) ਤੇ ਮਨਜੋਤ ਕੌਰ (ਐਮ.ਜੀ.ਐਨ ਪਬਲਿਕ ਸਕੂਲ) ਨੂੰ ਮਿਲਿਆ। ਸਾਰੇ ਭਾਗੀਦਾਰਾਂ ਨੂੰ ਦਿਲੋਂ ਵਧਾਈਆਂ ਤੇ ਅਧਿਆਪਕਾਂ ਅਤੇ ਸਕੂਲਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ ਜਿਨ੍ਹਾਂ ਨੇ ਇਸ ਸਮਾਗਮ ਦੀ ਸਫਲਤਾ ਵਿਚ ਅਹਿਮ ਯੋਗਦਾਨ ਪਾਇਆ।

ਬ੍ਰਿਟਿਸ਼ ਵਿਕਟੋਰੀਆ ਸਕੂਲ ਸੁਲਤਾਨਪੁਰ ਲੋਧੀ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਗਿੱਧਾ ਪੇਸ਼ ਕਰਦੀਆਂ ਹੋਈਆਂ ਵਿਦਿਆਰਥਣਾਂ। ਤਸਵੀਰ: ਲਾਡੀ ਸਟੂਡੀਓ

ਕੱਲ੍ਹ ਬਿਜਲੀ ਬੰਦ ਰਹੇਗੀ

ਕਪੂਰਥਲਾ, 27 ਨਵੰਬਰ (ਵਿ.ਪ੍ਰ.)-ਪਾਵਰਕਾਮ ਦੀ ਸ਼ਹਿਰੀ ਸਬ ਡਵੀਜ਼ਨ ਨੰਬਰ-1 ਦੇ ਸਹਾਇਕ ਕਾਰਜਕਾਰੀ ਇੰਜੀਨੀਅਰ ਨੇ ਦੱਸਿਆ ਕਿ 132ਕੇ.ਵੀ. ਸਬ ਸਟੇਸ਼ਨ ਕਪੂਰਥਲਾ ਤੋਂ ਚੱਲਦੇ 11ਕੇ.ਵੀ. ਫ਼ੈਕਟਰੀ ਏਰੀਆ ਫੀਡਰ ਦੀ ਜ਼ਰੂਰੀ ਮੁਰੰਮਤ ਕਾਰਨ 29 ਨਵੰਬਰ ਦਿਨ ਸ਼ਨੀਵਾਰ ਨੂੰ ਸਵੇਰੇ 10 ਤੋਂ ਸ਼ਾਮ 4 ਵਜੇ ਤੱਕ ਬਿਜਲੀ ਬੰਦ ਰਹੇਗੀ। ਜਿਸ ਕਾਰਨ ਐਸ.ਐਸ.ਕੇ. ਫ਼ੈਕਟਰੀ, ਏ.ਜੀ. ਫੇਟ, ਸੋਖਲ ਰਾਈਸ ਮਿੱਲ, ਗੁਰੂ ਨਾਨਕ ਕੋਲਡ ਸਟੋਰ, ਡੀ.ਐਫ. ਕੋਲਡ ਸਟੋਰ, ਜੈ ਭਾਰਤ ਸ਼ੈਲਰ, ਮੁਹੱਲਾ ਫ਼ੈਕਟਰੀ ਏਰੀਆ, ਕਾਲਾ ਸੰਘਿਆਂ ਰੋਡ, ਉਜਾਗਰ ਕੋਲਡ ਸਟੋਰ ਆਦਿ ਖੇਤਰਾਂ ਵਿਚ ਬਿਜਲੀ ਸਪਲਾਈ ਪ੍ਰਭਾਵਿਤ ਹੋਵੇਗੀ।

ਗੁਰਦੁਆਰਾ ਬਾਉਲੀ ਸਾਹਿਬ ਨਡਾਲਾ ਵਿਖੇ ਕੀਰਤਨ ਦਰਬਾਰ ਤੇ ਗੁਰਮਤਿ ਸਮਾਗਮ ਕਰਵਾਇਆ

ਨਡਾਲਾ, 27 ਨਵੰਬਰ (ਰਘਬਿੰਦਰ ਸਿੰਘ)-ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਲਾਸਾਨੀ ਸ਼ਹਾਦਤ ਦੇ 350 ਸਾਲ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਦੇ 350 ਸਾਲਾ ਗੁਰਿਆਈ ਦਿਵਸ ਨੂੰ ਸਮਰਪਿਤ ਗੁਰਮਤਿ ਗੁਰੂ ਨਾਨਕ ਮਿਸ਼ਨ ਸੇਵਕ ਸਭਾ ਨਡਾਲਾ ਵਲੋਂ ਗੁਰਦੁਆਰਾ ਬਾਉਲੀ ਸਾਹਿਬ ਨਡਾਲਾ ਵਿਖੇ ਮਹਾਨ ਕੀਰਤਨ ਦਰਬਾਰ ਅਤੇ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਭਾਈ ਗੁਰਦੀਪ ਸਿੰਘ ਗੁਰਦੁਆਰਾ ਬਾਉਲੀ ਸਾਹਿਬ ਨਡਾਲਾ ਹਜ਼ੂਰੀ ਰਾਗੀ, ਭਾਈ ਜੋਬਨਪ੍ਰੀਤ ਸਿੰਘ ਕਥਾਵਾਚਕ ਗੁਰਦੁਆਰਾ ਬਾਉਲੀ ਸਾਹਿਬ, ਭਾਈ ਜਨਨੈਲ ਸਿੰਘ ਸਿੰਘਪੁਰਾ ਹਜ਼ੂਰੀ ਕਥਾਵਾਚਕ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ, ਸੰਤ ਸੁਰਿੰਦਰ ਸਿੰਘ ਮਿੱਠਾ ਟਿਵਾਣਾ ਨੇ ਹਾਜ਼ਰੀ ਭਰ ਕੇ ਸੰਗਤਾਂ ਨੂੰ ਕਥਾ, ਕੀਰਤਨ ਨਾਲ ਨਿਹਾਲ ਕੀਤਾ। ਇਸ ਮੌਕੇ ਮੈਨੇਜਰ ਕੰਵਲਜੀਤ ਸਿੰਘ ਖੱਸਣ, ਭਾਈ ਹਰਭਜਨ ਸਿੰਘ, ਬਾਬਾ ਬਲਵਿੰਦਰ ਸਿੰਘ ਦਿੱਲੀ ਵਾਲੇ, ਸੁਖਜਿੰਦਰ ਸਿੰਘ ਜੌਹਲ, ਅਜੀਤ ਸਿੰਘ ਖੱਖ, ਗੁਰਨਾਮ ਸਿੰਘ ਸਲੈਚ, ਰਘਬਿੰਦਰ ਸਿੰਘ ਸਾਹੀ, ਮੋਹਣ ਸਿੰਘ, ਹਰਚਰਨ ਸਿੰਘ ਖ਼ਾਲਸਾ, ਹਰਭਜਨ ਸਿੰਘ ਵਾਲੀਆ, ਅਕਾਊਂਟੈਂਟ ਗੁਰਵਿਕਰਮ ਸਿੰਘ, ਬਲਕਾਰ ਸਿੰਘ, ਨੰਬਰਦਾਰ ਦਲਜਿੰਦਰ ਸਿੰਘ, ਸੁਰਿੰਦਰ ਸਿੰਘ ਛਿੰਦਾ, ਪਲਵਿੰਦਰ ਸਿੰਘ ਘੋਤੜਾ, ਭੁਪਿੰਦਰ ਸਿੰਘ ਲੱਕੀ, ਗੁਰਦੀਪ ਸਿੰਘ ਸਾਹੀ, ਮਹਿੰਦਰਪਾਲ ਸਿੰਘ ਸੇਵਕ, ਸਰਬਜੀਤ ਸਿੰਘ ਭਾਗੂ, ਡਾ. ਕਰਮਜੀਤ ਸਿੰਘ ਵਾਲੀਆ, ਇੰਦਰਪਾਲ ਸਿੰਘ ਸੋਢੀ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਰਹੀ।

ਗੁਰਦ